ਦਫਤਰ : ਕਾਰਜਕਾਰੀ ਇੰਜੀਨੀਅਰ, ਪ੍ਰਾਂਤਕ ਮੰਡਲ, ਲੋ ਨਿ ਵਿ ਭ ਤੇ ਮ ਸ਼ਾਖਾ, ਸਾਹਮਣੇ ਪੁਲਿਸ ਸਟੇਸ਼ਨ, ਇੰਡਸਟ੍ਰੀਅਲ ਏਰੀਆ ਫੇਜ਼-1, ਸਾਹਿਬਜ਼ਾਦਾ ਅਜੀਤ ਸਿੰਘ ਨਗਰ (ਮੋਹਾਲੀ)।

E-mail Id : pwdmohali@gmail.com Tel. & Fax No. 0172-2226328

ਵੱਲ,

Principal,
Infant Jesus Convent School,
Phase-11, Mohali.

ਨੰ: ੩੩੫੮ ਮਿਤੀ ੬.੫.੨੦੨੩

ਵਿਸ਼ਾ:- ਬਿਲਡਿੰਗ ਸੇਫਟੀ ਸਰਟੀਫਿਕੇਟ ਜਾਰੀ ਕਰਨ ਸਬੰਧੀ।

ਹਵਾਲਾ:- ਆਪ ਦੇ ਸਕੂਲ ਦਾ ਪੱਤਰ ਨੰ: IJCS/2022-23/64 ਮਿਤੀ 07-03-2023

ਉਪਰੋਕਤ ਵਿਸ਼ੇ ਦੇ ਸਬੰਧ ਵਿੱਚ ਇਸ ਮੰਡਲ ਅਧੀਨ ਉਪ ਮੰਡਲ ਇੰਜੀਨੀਅਰ, ਪ੍ਰਾਂਤਕ ਉਪ ਮੰਡਲ, ਲੋ. ਨਿ. ਵਿ ਭ ਤੇ ਮ ਸ਼ਾਖਾ, ਐਸ. ਏ. ਐਸ. ਨਗਰ ਦੀ ਰਿਪੋਰਟ ਅਨੁਸਾਰ ਸਕੂਲ ਦੀ ਇਮਾਰਤ ਦਾ ਹਰ ਪੱਖੋਂ ਮੁਆਇਨਾ ਕਰਨ ਉਪਰੰਤ ਇਮਾਰਤ ਠੀਕ ਪਾਈ ਗਈ ਹੈ। ਸਕੂਲ ਵੱਲੋਂ ਲੋੜੀਂਦੀ 5 ਸਾਲਾ ਦੀ ਇੰਸਪੈਕਸ਼ਨ ਫੀਸ ਰੁ: 100000/- ਬਾਏ ਜੀ. ਆਰ. ਨੰ: 4300032 ਮਿਤੀ 24-03-2023 ਰਾਹੀਂ ਜਮਾਂ ਕਰਵਾ ਦਿੱਤੀ ਗਈ ਹੈ। ਇਸ ਲਈ ਉਪਰੋਕਤ ਸਕੂਲ ਦੀ ਬਿਲਡਿੰਗ ਸੇਫਟੀ ਸਰਟੀਫਿਕੇਟ ਮਿਤੀ 31.03.2028 ਤੱਕ ਹੇਠ ਲਿਖੀਆਂ ਸ਼ਰਤਾਂ ਤੇ ਜਾਰੀ ਕੀਤਾ ਜਾਂਦਾ ਹੈ।

1. ਜੇ ਸਕੂਲ ਦੀ ਇਮਾਰਤ ਵਿੱਚ ਕੋਈ ਵੀ ਵਾਧਾ/ਬਦਲਾਅ ਕੀਤਾ ਜਾਂਦਾ ਹੈ ਜਾਂ ਕਿਸੇ ਵੀ ਕਿਸਮ ਦੀ ਤਬਦੀਲੀ ਕੀਤੀ ਜਾਂਦੀ ਹੈ ਤਾਂ ਇਹ ਕੰਮ ਕਿਸੇ ਯੋਗ ਇੰਜੀਨੀਅਰ ਦੀ ਦੇਖ ਰੇਖ ਵਿਚ ਕਰਵਾਇਆ ਜਾਵੇ ਤੇ ਕੰਮ ਮੁਕੰਮਲ ਹੋਣ ਉਪਰੰਤ ਸਬੰਧਤ ਅਧਿਕਾਰੀ ਤੋਂ ਇਸ ਦਾ ਸਰਟੀਫਿਕੇਟ ਦੁਬਾਰਾ ਲਿਆ ਜਾਵੇ।
2. ਜੇ ਬਿਲਡਿੰਗ ਹੜਾਂ ਜਾਂ ਕਿਸੇ ਹੋਰ ਕੁਦਰਤੀ ਆਫਤਾਂ ਤੋਂ ਪ੍ਰਭਾਵਿਤ ਹੁੰਦੀ ਹੈ ਤਾਂ ਤੁਰੰਤ ਹੀ ਇਸ ਨੂੰ ਵਿਭਾਗ ਤੋਂ ਦੁਬਾਰਾ ਚੈਕ ਕਰਵਾਇਆ ਜਾਵੇ।
3. ਇਸ ਬਿਲਡਿੰਗ ਦਾ ਫਾਇਰ ਸੇਫਟੀ ਸਰਟੀਫਿਕੇਟ, ਪੰਜਾਬ ਫਾਇਰ ਸਰਵਿਸਿਜ, ਐਸ. ਏ. ਐਸ. ਨਗਰ ਵਲੋਂ ਉਨ੍ਹਾਂ ਦੇ ਨੰ: NOC No. 1504-58018-Fire/41843 ਮਿਤੀ 24-08-2022 ਦੁਆਰਾ ਜਾਰੀ ਕੀਤਾ ਗਿਆ ਹੈ। ਉਨ੍ਹਾਂ ਵਲੋਂ ਲਿਖਿਆ ਗਿਆ ਹੈ ਕਿ ਅੱਗ ਬੁਝਾਊ ਯੰਤਰ ਤਸੱਲੀਬਖਸ਼ ਹੋਣ ਚਾਹੀਦੇ ਹਨ ਅਤੇ ਕਰਮਚਾਰੀ ਅੱਗ ਬਚਾਉਣ ਸਬੰਧੀ ਟਰੇਂਡ ਹੋਣੇ ਚਾਹੀਦੇ ਹਨ, ਇਸ ਨੂੰ ਯਕੀਨੀ ਬਣਾਇਆ ਜਾਵੇ। ਫਾਇਰ ਸਰਟੀਫਿਕੇਟ ਨਵੀਕਰਨ ਦੀ ਜਿੰਮੇਵਾਰੀ ਬਿਨੈਕਾਰ ਦੀ ਹੋਵੇਗੀ ਨਹੀਂ ਤਾਂ ਤੁਰੰਤ ਸਮੇਂ ਤੋਂ ਇਹ ਬਿਲਡਿੰਗ ਸੇਫਟੀ ਸਰਟੀਫਿਕੇਟ ਰੱਦ ਸਮਝਿਆ ਜਾਵੇਗਾ।
4. ਇਹ ਸਰਟੀਫਿਕੇਟ ਕਿਸੇ ਵੀ ਲੀਗਲ ਕੇਸਾਂ ਲਈ ਪ੍ਰਮਾਣਿਤ ਨਹੀਂ ਹੋਵੇਗਾ।

ਨੱਥੀ/

ਕਾਰਜਕਾਰੀ ਇੰਜੀਨੀਅਰ,
ਪ੍ਰਾਂਤਕ ਮੰਡਲ, ਲੋ. ਨਿ. ਵਿ. ਭ ਤੇ ਮ ਸ਼ਾਖਾ,
ਸਾਹਿਬਜ਼ਾਦਾ ਅਜੀਤ ਸਿੰਘ ਨਗਰ।

ਪਿੱਠ ਅੰਕਣ ਨੰ: ਮਿਤੀ

ਉਪਰੋਕਤ ਦਾ ਉਤਾਰਾ ਉਪ ਮੰਡਲ ਇੰਜੀਨੀਅਰ, ਪ੍ਰਾਂਤਕ ਉਪ ਮੰਡਲ, ਲੋ. ਨਿ. ਵਿ. ਭ ਤੇ ਮ ਸ਼ਾਖਾ, ਐਸ. ਏ. ਐਸ. ਨਗਰ ਨੂੰ ਉਨ੍ਹਾਂ ਦੇ ਪੱਤਰ ਨੰ: 111 ਮਿਤੀ 27-03-2023 ਦੇ ਹਵਾਲੇ ਵਿੱਚ ਸੂਚਨਾ ਅਤੇ ਅਗਲੇਰੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

ਨੱਥੀ/

ਕਾਰਜਕਾਰੀ ਇੰਜੀਨੀਅਰ,
ਪ੍ਰਾਂਤਕ ਮੰਡਲ, ਲੋ. ਨਿ. ਵਿ. ਭ ਤੇ ਮ ਸ਼ਾਖਾ,
ਸਾਹਿਬਜ਼ਾਦਾ ਅਜੀਤ ਸਿੰਘ ਨਗਰ।

**Manager**
**Infant Jesus Convent School**
**Sector 65, Phase-XI, Mohali**
**Pin Code - 160062**